# ਵਰਲਡ ਪੰਜਾਬੀ ਟਾਈਮਜ਼
# WORLD PUNJABI TIMES
A Punjabi News Protal & Epaper From Winnipeg, Canada
Visit us at : www.worldpunjabitimes.com
Mob: 7973333573, +1 (418) 887-0162



## ਵਿਸ਼ਵ ਪੰਜਾਬੀ ਭਵਨ ਦੇ ਵਿਹੜੇ ਵਿੱਚ ਵਿਸ਼ਵ ਪੰਜਾਬੀ ਸਭਾ ਵੱਲੋਂ ਕਰਵਾਇਆ ਗਿਆ ਅੰਜੂ ਵੀ ਰੱਤੀ ਜੀ ਦਾ ਰੂਬਰੂ , ਸਨਮਾਨ ਸਮਾਰੋਹ ਤੇ ਨਵੇਂ ਸਾਲ ਦਾ ਪਲੇਠਾ ਕਵੀ ਦਰਬਾਰ , ਯਾਦਗਾਰੀ ਹੋ ਨਿਬੜਿਆ

ਵਰਲਡ ਪੰਜਾਬੀ ਟਾਈਮਜ਼
ਰਮਿੰਦਰ ਵਾਲੀਆ

ਬਰੈਂਪਟਨ 7 ਜਨਵਰੀ : ਡਾ. ਦਲਬੀਰ ਸਿੰਘ ਕਥੂਰੀਆ ਵੱਲੋਂ ਹਰ ਮਹੀਨੇ ਦੇ ਪਹਿਲੇ ਐਤਵਾਰ ਵਿਸ਼ਵ ਪੰਜਾਬੀ ਭਵਨ ਵਿਖੇ ਕਵੀ ਦਰਬਾਰ ਕਰਾਉਣ ਦਾ ਫ਼ੈਸਲਾ ਕੀਤਾ ਗਿਆ ਸੀ । 5 ਜਨਵਰੀ ਬਾਦ ਦੁਪਿਹਰ 2 ਵਜੇ ਤੋਂ 5 ਵਜੇ ਸ਼ਾਮ ਵਿਸ਼ਵ ਪੰਜਾਬੀ ਭਵਨ ਦੇ ਵਿਹੜੇ ਵਿੱਚ ਵਿਸ਼ਵ ਪੰਜਾਬੀ ਸਭਾ ਵੱਲੋਂ ਕਰਵਾਇਆ ਗਿਆ ਅੰਜੂ ਵੀ ਰੱਤੀ ਜੀ ਦਾ ਰੂਬਰੂ , ਸਨਮਾਨ ਸਮਾਰੋਹ ਤੇ ਨਵੇਂ ਸਾਲ ਦਾ ਪਲੇਠਾ ਕਵੀ ਦਰਬਾਰ ਯਾਦਗਾਰੀ ਹੋ ਨਿਬੜਿਆ ।ਸੰਸਥਾ ਦੀ ਚੇਅਰਪਰਸਨ ਰਮਿੰਦਰ ਵਾਲੀਆ ਨੇ ਆਏ ਹੋਏ ਮਹਿਮਾਨਾਂ ਨੂੰ ਨਿੱਘਾ ਜੀ ਆਇਆਂ ਕਿਹਾ ਤੇ ਦੱਸਿਆ ਕਿ ਡਾ. ਦਲਬੀਰ ਸਿੰਘ ਕਥੂਰੀਆ ਦੇ ਭਵਨ ਵਿਖੇ ਮਹੀਨਾਵਾਰ ਕਵੀ ਦਰਬਾਰ ਕਰਾਉਣ ਦੇ ਫ਼ੈਸਲੇ ਦੀ ਸ਼ਲਾਘਾ ਕੀਤੀ ਤੇ ਇਹ ਵੀ ਦੱਸਿਆ ਕਿ ਡਾ .ਕਥੂਰੀਆ ਜੀ ਦੇਸ਼ਾਂ ਵਿਦੇਸ਼ਾਂ ਵਿੱਚ ਮਾਂ ਬੋਲੀ ਪੰਜਾਬੀ , ਪੰਜਾਬੀਅਤ , ਕਲਾ , ਸਾਹਿਤ , ਪੰਜਾਬੀ ਸਭਿਆਚਾਰ ਤੇ ਪੰਜਾਬੀ ਵਿਰਸੇ ਨੂੰ ਪ੍ਰਫੁੱਲਿਤ ਕਰਨ ਲਈ ਬਹੁਤ ਯਤਨਸ਼ੀਲ ਹਨ ਤੇ ਸਾਨੂੰ ਵੀ ਉਹਨਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਉਹਨਾਂ ਦਾ ਸਹਿਯੋਗ



ਕਰਨਾ ਚਾਹੀਦਾ ਹੈ ।

ਸੱਭ ਤੋਂ ਪਹਿਲਾਂ ਰਿੰਟੂ ਭਾਟੀਆ ਨੇ ਅੰਜੂ ਗਰੋਵਰ ਦਾ ਰੂਬਰੂ ਹਾਜ਼ਰੀਨ ਦੇ ਸਾਹਮਣੇ ਸਟੇਜ ਤੇ ਕੀਤਾ । ਇਹ ਰੂਬਰੂ ਪ੍ਰੋਗਰਾਮ ਡਾ . ਦਲਬੀਰ ਸਿੰਘ ਕਥੂਰੀਆ ਜੀ ਵੱਲੋਂ ਵਿਸ਼ਵ ਪੰਜਾਬੀ ਭਵਨ ਵਿਖੇ ਕੀਤਾ ਗਿਆ । ਰਿੰਟੂ ਭਾਟੀਆ ਨੇ ਦਰਸ਼ਕਾਂ ਦੇ ਸਾਹਮਣੇ ਸਟੇਜ ਤੇ ਹੀ ਅੰਜੂ ਗਰੋਵਰ ਨਾਲ ਉਹਨਾਂ ਦੀ ਜ਼ਿੰਦਗੀ ਅਤੇ ਲੇਖਣੀ ਬਾਰੇ ਸਵਾਲ ਜਵਾਬ ਕੀਤੇ । ਅੰਜੂ ਗਰੋਵਰ ਨੇ ਦੱਸਿਆ ਕਿ ਉਹਨਾਂ ਨੂੰ ਆਪਣੇ ਪਰਿਵਾਰ ਵੱਲੋਂ ਪੂਰਾ ਸਹਿਯੋਗ ਮਿਲਿਆ ਹੈ । ਸ਼ਾਦੀ ਦੇ ਬਾਦ ਉਸਨੂੰ ਪਰਿਵਾਰ ਵੱਲੋਂ ਮਿਲੇ ਸਹਿਯੋਗ ਸਦਕਾ ਉਹਨਾਂ ਆਪਣੀ ਪੜ੍ਹਾਈ ਜਾਰੀ ਰੱਖੀ , 3 ਐਮ ਏ ਪਾਸ ਕੀਤੀਆਂ , ਨੌਕਰੀ ਵੀ ਕੀਤੀ ਤੇ ਸ਼ਾਦੀ ਦੇ ਬਾਦ ਲਿਖਣਾ ਸ਼ੁਰੂ ਕੀਤਾ । ਰਿੰਟੂ ਭਾਟੀਆ ਬਹੁਤ ਵਿਲੱਖਣ ਅੰਦਾਜ਼ ਵਿੱਚ ਪ੍ਰੋਗਰਾਮ ਨੂੰ ਹੋਸਟ ਕਰਦੇ ਹਨ , ਚਾਹੇ ਉਹ ਰੂਬਰੂ ਹੋਏ ਜਾਂ ਕਵੀ ਦਰਬਾਰ । ਉਹਨਾਂ ਦੀ ਹੋਸਟਿੰਗ ਕਾਬਿਲੇ – ਤਾਰੀਫ਼ ਹੁੰਦੀ ਹੈ ।

ਰੂਬਰੂ ਦੇ ਬਾਦ ਡਾ . ਦਲਬੀਰ ਸਿੰਘ ਕਥੂਰੀਆ ਜੀ ਨੇ ਅੰਜੂ ਵੀ ਰੱਤੀ ਨੂੰ ਕਿਤਾਬਾਂ ਦਾ ਸੈਟ , ਵਿਸ਼ੇਸ਼ ਸਨਮਾਨ ਪੱਤਰ ਅਤੇ ਦੋਸ਼ਾਲਾ ਦੇ ਕੇ ਕੀਤਾ । ਇਸ ਮੌਕੇ ਸਟੇਜ ਤੇ ਕੁਝ ਕਮੇਟੀ ਮੈਂਬਰਜ਼ , ਇਸਤ੍ਰੀ ਵਿੰਗ ਦੇ ਮੈਂਬਰਜ਼ ਅਤੇ ਮਿਸਿਜ਼ ਤਜਿੰਦਰ ਕੌਰ ਕਥੂਰੀਆ ਬਿਰਾਜਮਾਨ ਸਨ ।

ਅੰਤਰਰਾਸ਼ਟਰੀ ਸਾਹਿਤਕ ਸਾਂਝਾਂ ਦੀ ਫ਼ਾਊਂਡਰ ਤੇ ਵਿਸ਼ਵ ਪੰਜਾਬੀ ਸਭਾ ਦੀ ਚੇਅਰਪਰਸਨ ਰਮਿੰਦਰ ਰੰਮੀ ਨੇ ਦੱਸਿਆ ਕਿ ਅੰਜੂ ਵੀ ਰੱਤੀ ਉਹਨਾਂ ਦੇ ( ਕਾਵਿ ਮਿਲਣੀ ) ਪ੍ਰੋਗਰਾਮ ਦੀ ਸੱਭ ਤੋਂ ਪਹਿਲੀ ਹੋਸਟ ਸੀ ਤੇ ਅੰਤਰਰਾਸ਼ਟਰੀ ਸਾਹਿਤਕ ਸਾਂਝਾਂ ਵੱਲੋਂ ਵੀ ਅੰਜੂ ਵੀ ਰੱਤੀ , ਸਰਪ੍ਰਸਤ ਸੁਰਜੀਤ ਕੌਰ ਤੇ ਪ੍ਰਧਾਨ ਰਿੰਟੂ ਭਾਟੀਆ ਨੂੰ ਵੀ ਫ਼ਾਊਂਡਰ ਰਮਿੰਦਰ ਰੰਮੀ ਵੱਲੋਂ ਫੁਲਕਾਰੀ ਦੇ ਕੇ ਸਨਮਾਨਿਤ ਕੀਤਾ ਗਿਆ ।

ਦੂਸਰੇ ਸੈਸ਼ਨ ਵਿਚ ਕਵੀ ਦਰਬਾਰ ਹੋਇਆ , ਜਿਸਦੀ ਹੋਸਟਿੰਗ ਨਾਮਵਰ ਸ਼ਾਇਰਾ ਤੇ ਲੇਖਿਕਾ ਸੁਰਜੀਤ ਕੌਰ ਜੀ ਨੇ ਕੀਤੀ । ਸੁਰਜੀਤ ਜੀ ਬਹੁਤ ਸਹਿਜ ਵਿੱਚ ਪ੍ਰੋਗਰਾਮ ਕਰਦੇ ਹਨ ਤੇ ਇਸ ਕਵੀ ਦਰਬਾਰ ਦਾ ਆਯੋਜਨ ਬਹੁਤ ਨਿਵੇਕਲੇ ਅੰਦਾਜ਼ ਵਿਚ ਕੀਤਾ ਗਿਆ ਸੀ । ਸੁਰਜੀਤ ਕੌਰ ਨੇ ਸ਼ਾਇਰਾਂ ਨੂੰ ਉਹਨਾਂ ਤੋਂ ਦੋ ਤਿੰਨ ਸਵਾਲ ਪੁੱਛੇ ਸੀ ਕਦੋਂ ਕਿਵੇਂ ਲਿਖਣਾ ਸ਼ੁਰੂ ਕੀਤਾ ਤੇ ਫਿਰ ਉਹਨਾਂ ਨੂੰ ਆਪਣੀ ਰਚਨਾ ਸੁਣਾਉਣ ਲਈ ਕਿਹਾ ਗਿਆ । ਕਵੀ ਦਰਬਾਰ ਵਿੱਚ ਬਹੁਤ ਨਾਮਵਰ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ । ਸ਼ਾਇਰਾਂ ਨੇ ਆਪਣੀਆਂ ਖ਼ੂਬਸੂਰਤ ਰਚਨਾਵਾਂ ਪੇਸ਼ ਕਰਕੇ ਖ਼ੂਬ ਰੰਗ ਬੰਨਿਆ । ਹਾਜ਼ਰੀਨ ਸ਼ਾਇਰਾਂ ਵਿੱਚ ਰਿੰਟੂ ਭਾਟੀਆ , ਮਕਸੂਦ ਚੌਧਰੀ , ਦੀਪ ਕੁਲਦੀਪ , ਅੰਜੂ ਵੀ ਰੱਤੀ , ਹਰਭਜਨ ਕੌਰ ਗਿੱਲ , ਸੁਰਿੰਦਰ ਸੂਰ , ਹਰਜੀਤ ਭੰਮਰਾ , ਸੁਖਚਰਨਜੀਤ ਕੌਰ ਗਿੱਲ , ਡਾ . ਦਰਸ਼ਨਦੀਪ ਜੀ , ਡਾ . ਮਨਜੀਤ ਸਿੰਘ ਮਝੈਲ , ਰਾਜਵੀਰ ਸਿੰਘ ਸੰਧੂ , ਰਮਿੰਦਰ ਰੰਮੀ , ਸੁਰਜੀਤ ਕੌਰ , ਹਰਜੀਤ ਕੌਰ ਦਿੱਲੀ , ਨਿਧਾਨ ਸਿੰਘ ਜੀ , ਮੀਤਾ ਖੰਨਾ ਜੀ ਤੇ ਹੋਰ ਸ਼ਾਇਰਾਂ ਨੇ ਆਪਣੀਆਂ ਖ਼ੂਬਸੂਰਤ ਰਚਨਾਵਾਂ ਤੇ ਗੀਤ ਪੇਸ਼ ਕਰਕੇ ਵਿਸ਼ਵ ਪੰਜਾਬੀ ਭਵਨ ਦੇ ਵਿਹੜੇ ਨੂੰ ਰੁਸ਼ਨਾ ਦਿੱਤਾ । ਰਿੰਟੂ ਭਾਟੀਆ ਨੇ " ਮਿੱਤਰ ਪਿਆਰੇ ਨੂੰ " ਸ਼ਬਦ ਅਪਣੀ ਸੁਰੀਲੀ ਅਵਾਜ਼ ਵਿੱਚ ਪੇਸ਼ ਕੀਤਾ । ਜਿੱਥੇ ਕਵੀ ਦਰਬਾਰ ਦਾ ਅਗਾਜ਼ ਰਿੰਟੂ ਭਾਟੀਆ ਨੇ ਇੱਕ ਸੂਫ਼ੀ ਕਲਾਮ ਪੇਸ਼ ਕਰਕੇ ਕੀਤਾ ਤੇ ਅੰਤ ਤਾਜ ਸੇਖੋਂ ਅਤੇ ਉਹਨਾਂ ਦੇ ਪਤੀ ਗੁਰਚਰਨ ਸੇਖੋਂ ਜੀ ਨੇ ਟੱਪੇ ਸੁਣਾ ਕੇ ਕੀਤਾ ਜਿਸਨੇ ਮਾਹੌਲ ਨੂੰ ਹੋਰ ਰੁਸ਼ਨਾ ਦਿੱਤਾ ।ਮਿਸਿਜ਼ ਰੂਪ ਕਾਹਲੋਂ ਪ੍ਰਧਾਨ ਡਾ . ਇੰਦਰਜੀਤ ਸਿੰਘ ਬੱਲ ਸਰਪ੍ਰਸਤ , ਡਾ . ਸੋਹਨ ਸਿੰਘ ਪਰਮਾਰ ਪ੍ਰਧਾਨ ਤੇ ਹੋਰ ਬਹੁਤ ਨਾਮਵਰ ਸ਼ਖ਼ਸੀਅਤਾਂ ਨੇ ਇਸ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ । ਡਾ . ਦਲਬੀਰ ਸਿੰਘ ਕਥੂਰੀਆ ਨੇ ਪ੍ਰੋਗਰਾਮ ਵਿੱਚ ਹਾਜ਼ਰੀਨ ਮੈਂਬਰਜ਼ ਦਾ ਦਿਲੋਂ ਧੰਨਵਾਦ ਕੀਤਾ ।

ਇੰਡੀਆ ਤੋਂ ਸ਼ਾਇਰ ਸੁਖਦੇਵ ਸਿੰਘ ਅਰਮਾਨ ਦੇ ਬੇਟੇ ਅਰਸ਼ਦੀਪ ਗਿੱਲ ਉਚੇਚੇ ਤੌਰ ਤੇ ਵਿਸ਼ਵ ਪੰਜਾਬੀ ਭਵਨ ਦੇ ਵਿਹੜੇ ਵਿੱਚ ਪਹੁੰਚੇ ਤੇ ਆਪਣੇ ਪਾਪਾ ਦੀਆਂ ਗ਼ਜ਼ਲਾਂ ਦੀਆਂ ਕਿਤਾਬਾਂ ( ਸੈਲਫੀਆਂ ਲੈਂਦੀ ਧੁੱਪ ) ਕਥੂਰੀਆ ਜੀ ਤੇ ਰਮਿੰਦਰ ਰੰਮੀ ਨੂੰ ਪਿਆਰ ਸਹਿਤ ਭੇਂਟ ਕੀਤੀਆਂ ।

ਯਾਦਗਾਰੀ ਗਰੁੱਪ ਫੋਟੋ ਦੇ ਬਾਦ ਚਾਹ ਪਾਣੀ ਸਨੈਕਸ ਦਾ ਪ੍ਰਬੰਧ ਸੀ , ਸੱਭਨੇ ਮਿਲਕੇ ਉਸਦਾ ਅਨੰਦ ਲਿਆ ਤੇ ਮੁੜ ਮਿਲਣ ਦਾ ਵਾਦਾ ਕਰ ਸੱਭਨੇ ਵਿਦਾ ਲਈ । ਧੰਨਵਾਦ ਸਹਿਤ ।

## ਜਿਲ੍ਹੇ ਵਿੱਚ 8 ਮਾਰਚ ਨੂੰ ਲੱਗੇਗੀ ਕੌਮੀ ਲੋਕ ਅਦਾਲਤ : ਜ਼ਿਲ੍ਹਾ ਤੇ ਸੈਸ਼ਨ ਜੱਜ

### ਆਮ ਜਨਤਾ ਨੂੰ ਨੈਸ਼ਨਲ ਲੋਕ ਅਦਾਲਤ ਦਾ ਵੱਧ ਤੋਂ ਵੱਧ ਫਾਇਦਾ ਲੈਣ ਦੀ ਅਪੀਲ

ਵਰਲਡ ਪੰਜਾਬੀ ਟਾਈਮਜ਼



ਫਰੀਦਕੋਟ , 7 ਜਨਵਰੀ : ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐੱਸ.ਏ.ਐੱਸ. ਨਗਰ (ਮੋਹਾਲੀ) ਦੇ ਕਾਰਜਕਾਰੀ ਚੇਅਰਮੈਨ ਦੀਆਂ ਹਦਾਇਤਾਂ ਅਨੁਸਾਰ ਸ਼੍ਰੀਮਤੀ ਨਵਜੋਤ ਕੌਰ ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਰੀਦਕੋਟ ਦੀ ਅਗਵਾਈ ਹੇਠ ਮਿਤੀ 08 ਮਾਰਚ, 2025 ਨੂੰ ਕੌਮੀ ਲੋਕ ਅਦਾਲਤ ਦਾ ਆਯੋਜਨ ਜ਼ਿਲ੍ਹਾ ਕਚਹਿਰੀਆਂ ਫਰੀਦਕੋਟ ਅਤੇ ਸਬ-ਡਵੀਜ਼ਨ ਜੈਤੋ ਵਿਖੇ ਕੀਤਾ ਜਾਵੇਗਾ। ਜ਼ਿਲ੍ਹਾ ਤੇ ਸੈਸ਼ਨ ਜੱਜ-ਕਮ-ਚੇਅਰਪਰਸਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਰੀਦਕੋਟ ਨੇ ਦੱਸਿਆ ਕਿ ਇਸ ਕੌਮੀ ਲੋਕ ਅਦਾਲਤ ਵਿੱਚ 'ਝਗੜੇ ਮੁਕਾਓ ਅਤੇ ਪਿਆਰ ਵਧਾਓ' ਲੋਕ ਅਦਾਲਤਾਂ ਰਾਹੀਂ ਸਸਤਾ ਅਤੇ ਛੇਤੀ ਨਿਆਂ ਪਾਓ' ਤਹਿਤ ਇਸ ਲੋਕ ਅਦਾਲਤ ਵਿੱਚ ਰਾਜ਼ੀਨਾਮਾ ਹੋਣ ਯੋਗ ਅਪਰਾਧਿਕ ਮਾਮਲੇ, ਜ਼ਮੀਨ ਗ੍ਰਹਿਣ ਕਰਨ ਦੀਆਂ ਕਾਰਵਾਈਆਂ, ਸਥਾਈ ਲੋਕ ਅਦਾਲਤ ਵਿੱਚ ਸ਼ਿਕਾਇਤਾਂ/ਪਟੀਸ਼ਨਾਂ, ਐੱਮ.ਏ.ਸੀ.ਟੀ. ਕਲੇਮ ਪਟੀਸ਼ਨ ਅਤੇ ਐਗਜ਼ੀਕਿਊਸ਼ਨ, ਪਰਿਵਾਰਕ ਅਦਾਲਤਾਂ ਵਿੱਚ ਪਰਿਵਾਰਕ ਮਾਮਲੇ, ਮਜ਼ਦੂਰ ਵਿਵਾਦ, ਟ੍ਰੈਫਿਕ ਚਲਾਨ, ਮਿਸ਼ਰਤ ਅਪਰਾਧ, ਬਿਜਲੀ ਐਕਟ ਤਹਿਤ ਦਰਜ ਐਫ.ਆਈ.ਆਰ, ਐਨ.ਆਈ.ਏ ਅਧੀਨ ਸ਼ਿਕਾਇਤਾਂ, ਰਿਕਵਰੀ ਸੂਟ, ਪ੍ਰੀ-ਲਿਟੀਗੇਟਿਵ ਕੇਸ ਅਤੇ ਕਿਸੇ ਵੀ ਹੋਰ ਕਿਸਮ ਦੇ ਕੇਸ ਨਾਲ ਸਬੰਧਤ ਕੇਸਾਂ ਦਾ ਨਿਪਟਾਰਾ ਕੀਤਾ ਜਾਵੇਗਾ। ਉਨ੍ਹਾਂ ਆਮ ਲੋਕਾਂ ਨੂੰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਰੀਦਕੋਟ ਦੀਆਂ ਸਕੀਮਾਂ ਜਿਵੇਂ ਕਿ ਵਿਕਟਮ ਕੰਪਨਸੇਸ਼ਨ ਸਕੀਮ, ਮੀਡੀਏਸ਼ਨ ਸੈਂਟਰ ਅਤੇ 8 ਮਾਰਚ ਨੂੰ ਲੱਗਣ ਵਾਲੀ ਨੈਸ਼ਨਲ ਲੋਕ ਅਦਾਲਤ ਦਾ ਵੱਧ ਤੋਂ ਵੱਧ ਲਾਭ ਲੈਣ ਦੀ ਅਪੀਲ ਕੀਤੀ।

## ਪ੍ਰੈੱਸ ਕਲੱਬ ਬਠਿੰਡਾ ਦਿਹਾਤੀ ਦੀ ਮਹੀਨਾਵਾਰ ਮੀਟਿੰਗ ਹੋਈ

### ਕਲੱਬ ਦੀਆਂ ਲੋਕ ਪੱਖੀ ਗਤੀਵਿਧੀਆਂ ਨੂੰ ਦੇਖਦੇ ਪੱਤਰਕਾਰਾਂ ਦਾ ਸ਼ਾਮਿਲ ਹੋਣਾ ਲਗਾਤਾਰ ਜ਼ਾਰੀ

ਵਰਲਡ ਪੰਜਾਬੀ ਟਾਈਮਜ਼
ਗੁਰਪ੍ਰੀਤ ਚਹਿਲ

ਬਠਿੰਡਾ, 7 ਜਨਵਰੀ : ਪੱਤਰਕਾਰਾਂ ਦੇ ਹਿੱਤਾਂ ਅਤੇ ਹੱਕਾਂ ਦੀ ਰਾਖੀ ਲਈ ਗਠਿਤ ਪ੍ਰੈੱਸ ਕਲੱਬ ਬਠਿੰਡਾ ਦਿਹਾਤੀ ਦੀ ਮਹੀਨਾਵਾਰ ਮੀਟਿੰਗ ਬਠਿੰਡਾ ਸਥਿਤ ਟੀਚਰਜ਼ ਹੋਮ ਵਿਖੇ ਪ੍ਰਧਾਨ ਗੁਰਜੀਤ ਚੌਹਾਨ ਦੀ ਪ੍ਰਧਾਨਗੀ ਹੇਠ ਹੋਈ। ਇਸ ਮੀਟਿੰਗ ਵਿੱਚ ਜਿੱਥੇ ਕਈ ਸਮਾਜਿਕ ਮੁੱਦੇ ਵਿਚਾਰੇ ਗਏ ਉਥੇ ਹੀ ਕਲੱਬ ਵੱਲੋਂ ਅਗਲੇ ਦਿਨਾਂ ਵਿੱਚ ਕੀਤੇ ਜਾਣ ਵਾਲ਼ੇ ਸਮਾਜ ਭਲਾਈ ਕਾਰਜਾਂ ਨੂੰ ਜਿੱਥੇ ਵਿਚਾਰਿਆ ਗਿਆ ਉੱਥੇ ਹੀ ਇਹਨਾ ਕਾਰਜਾਂ ਨੂੰ ਨੇਪਰੇ ਚਾੜ੍ਹਨ ਦੀ ਰੂਪ ਰੇਖਾ ਵੀ ਉਲੀਕੀ ਗਈ। ਇਸਦੇ ਨਾਲ਼ ਹੀ ਇਸ ਮੀਟਿੰਗ ਚ ਉਚੇਚੇ ਤੌਰ ਤੇ ਪੁੱਜੇ ਸੀਨੀਅਰ ਪੱਤਰਕਾਰ ਸੱਤਪਾਲ ਮਾਨ ਨੇ ਕਲੱਬ ਦੀਆਂ ਲੋਕ ਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਕਲੱਬ ਵਿੱਚ ਸ਼ਮੂਲੀਅਤ ਕੀਤੀ । ਇਸ ਮੀਟਿੰਗ ਚ ਪਹੁੰਚੇ ਪ੍ਰੈਸ ਕਲੱਬ ਬਠਿੰਡਾ ਦਿਹਾਤੀ ਦੇ ਅਹੁਦੇਦਾਰਾਂ ਜਿਹਨਾਂ ਵਿੱਚ ਸਰਪ੍ਰਸਤ ਜਸਕਰਨ ਸਿੰਘ ਸਿਵੀਆਂ, ਸੀਨੀਅਰ ਮੀਤ ਪ੍ਰਧਾਨ ਗੁਰਪ੍ਰੀਤ ਚਹਿਲ, ਸਲਾਹਕਾਰ ਰਾਜਕੁਮਾਰ, ਜਸ਼ਨਜੀਤ ਸਿੰਘ, ਗੁਰਪ੍ਰੀਤ ਗੋਪੀ ਜੀਰੇਵਾਲਾ ਅਹੁਦੇਦਾਰਾਂ ਤੋਂ ਇਲਾਵਾ ਕੁੱਝ ਜ਼ਰੂਰੀ ਰੁਝੇਵਿਆਂ ਕਾਰਨ ਮੀਟਿੰਗ ਚ ਸ਼ਾਮਿਲ ਨਾ ਹੋ ਸਕੇ ਕਲੱਬ ਦੇ ਜਨਰਲ ਸਕੱਤਰ ਸੁਰਿੰਦਰਪਾਲ ਸਿੰਘ ਖਾਲਸਾ, ਗੁਰਸੇਵਕ ਸਿੰਘ ਚੁੱਘੇ ਖੁਰਦ, ਨਸੀਬ ਚੰਦ ਸ਼ਰਮਾ ਅਤੇ ਰਾਜਦੀਪ ਜੋਸ਼ੀ ਆਦਿ ਪੱਤਰਕਾਰਾਂ ਨੇ ਸਮਾਜ ਭਲਾਈ ਹਿਤ ਚ ਲੈਣ ਵਾਲ਼ੇ ਸਾਰੇ ਮੁੱਦਿਆਂ ਸਬੰਧੀ ਫ਼ੋਨ ਤੇ ਆਪਣੀ ਸਹਿਮਤੀ ਦਿੱਤੀ।



ਦੱਸ ਦੇਈਏ ਕਿ ਲੋਕ ਮੁੱਦਿਆਂ ਨੂੰ ਸਰਕਾਰ ਦੇ ਕੰਨਾਂ ਤੱਕ ਪਹੁੰਚਾਉਣ ਅਤੇ ਸਾਫ ਸੁਥਰੀ ਪੱਤਰਕਾਰੀ ਲਈ ਉੱਭਰ ਰਿਹਾ ਪ੍ਰੈੱਸ ਕਲੱਬ ਬਠਿੰਡਾ ਦਿਹਾਤੀ ਅੱਜ ਕਿਸੇ ਜਾਣ ਪਹਿਚਾਣ ਦਾ ਮੁਹਤਾਜ ਨਹੀਂ। ਇਹ ਕਲੱਬ ਲੋਕ ਹਿਤ ਮੁੱਦਿਆਂ ਨੂੰ ਚੁੱਕਣ ਦੀ ਆਪਣੀ ਨੈਤਿਕ ਜ਼ਿੰਮੇਵਾਰੀ ਦੇ ਨਾਲ ਨਾਲ ਆਪਣੀ ਸਮਾਜਿਕ ਜ਼ਿੰਮੇਵਾਰੀ ਸਮਝਦੇ ਹੋਏ ਸਮਾਜ ਭਲਾਈ ਦੇ ਕੰਮਾਂ ਚ ਵੀ ਮੋਹਰੀ ਰੋਲ ਅਦਾ ਕਰ ਰਿਹਾ ਹੈ। ਆਪਣੀ ਇਸੇ ਰਵਾਇਤ ਮੁਤਾਬਕ ਪ੍ਰੈੱਸ ਕਲੱਬ ਬਠਿੰਡਾ ਦਿਹਾਤੀ ਕਈ ਲੋੜਵੰਦ ਪਰਿਵਾਰਾਂ ਦੀਆਂ ਧੀਆਂ ਦੇ ਵਿਆਹ ਚ ਸਹਿਯੋਗ ਕਰਨ ਦੇ ਨਾਲ ਦਰਜ਼ਨ ਦੇ ਲੱਗਭੱਗ ਮੁਫ਼ਤ ਮੈਡੀਕਲ ਕੈਂਪ ਲਗਾ ਚੁੱਕਿਆ ਹੈ ਅਤੇ ਇਸਦੇ ਨਾਲ ਹੀ ਦਿਨ ਪ੍ਰਤੀਦਿਨ ਗੰਧਲੇ ਹੋ ਚੁੱਕੇ ਵਾਤਾਵਰਣ ਪ੍ਰਤੀ ਸੁਹਿਰਦ ਹੋਣ ਦਾ ਸਬੂਤ ਦਿੰਦੇ ਹੋਏ ਬਠਿੰਡਾ ਅਤੇ ਨਾਲ ਲਗਦੇ ਦਰਜਨਾਂ ਪਿੰਡਾਂ ਚ ਨਾ ਸਿਰਫ਼ ਪੇੜ ਪੌਦੇ ਲਗਾ ਹੀ ਚੁੱਕਿਆ ਹੈ ਬਲਕਿ ਬੱਚਿਆਂ ਵਾਂਗ ਉਹਨਾਂ ਦਾ ਨਿਰੰਤਰ ਪਾਲਣ ਪੋਸ਼ਣ ਵੀ ਕਰਦਾ ਆ ਰਿਹਾ ਹੈ।

## ਬਲਾਕ ਬਠਿੰਡਾ ਦੇ ਦੋ ਹੋਰ ਇੰਸਾਂ ਲੱਗੇ ਮਾਨਵਤਾ ਦੇ ਲੇਖੇ

### ਬਲਾਕ ਬਠਿੰਡਾ 'ਚ ਹੋਇਆ 120ਵਾਂ ਅਤੇ 121ਵਾਂ ਸਰੀਰਦਾਨ

ਵਰਲਡ ਪੰਜਾਬੀ ਟਾਈਮਜ਼
ਗੁਰਪ੍ਰੀਤ ਚਹਿਲ

ਬਠਿੰਡਾ, 7 ਜਨਵਰੀ : ਪੂਜਨੀਕ ਗੁਰੂ ਸੰਤ ਡਾ. ਗੁਰਮੀਤ ਰਾਮ ਰਹੀਮ ਸਿੰਘ ਜੀ ਇੰਸਾਂ ਦੀ ਪਵਿੱਤਰ ਰਹਿਨੁਮਾਈ ਹੇਠ ਡੇਰਾ ਸੱਚਾ ਸੌਦਾ ਦੀ ਸਾਧ ਸੰਗਤ ਵੱਲੋਂ 167 ਮਾਨਵਤਾ ਭਲਾਈ ਦੇ ਕਾਰਜ ਕੀਤੇ ਜਾ ਰਹੇ ਹਨ। ਇਸੇ ਲੜੀ ਤਹਿਤ ਅਮਰ ਸੇਵਾ ਮੁਹਿੰਮ ਤਹਿਤ ਬਲਾਕ ਬਠਿੰਡਾ 'ਚ 120ਵਾਂ ਅਤੇ 121ਵਾਂ ਸਰੀਰਦਾਨ ਹੋਇਆ। ਬਲਾਕ ਬਠਿੰਡਾ ਦੇ ਏਰੀਆ ਗੁਰੂ ਗੋਬਿਦ ਸਿੰਘ ਨਗਰ ਦੇ ਇੱਕ ਡੇਰਾ ਸ਼ਰਧਾਲੂ ਦੀ ਮੌਤ ਤੋਂ ਬਾਅਦ ਉਸ ਵੱਲੋਂ ਕੀਤੇ ਗਏ ਪ੍ਰਣ ਨੂੰ ਪੂਰਾ ਕਰਦਿਆਂ ਉਸਦੇ ਪਰਿਵਾਰਕ ਮੈਂਬਰਾਂ ਨੇ ਮ੍ਰਿਤਕ ਦੇਹ ਨੂੰ ਮੈਡੀਕਲ ਖੋਜਾਂ ਲਈ ਦਾਨ ਕਰ ਦਿੱਤਾ। ਪ੍ਰਾਪਤ ਵੇਰਵਿਆਂ ਅਨੁਸਾਰ ਸੇਵਾਦਾਰ ਮਾਤਾ ਹਰਬੰਸ ਕੌਰ ਇੰਸਾਂ (74) ਵਾਰਡ ਨੰਬਰ 3, ਬਠਿੰਡਾ ਦੇ ਦੇਹਾਂਤ ਤੋਂ ਬਾਅਦ ਉਸਦੇ ਪਤੀ ਜੱਗਾ ਸਿੰਘ ਇੰਸਾਂ, ਪੁੱਤਰ ਗੁਰਜੰਟ ਸਿੰਘ ਇੰਸਾਂ ਟੇਲਰ ਮਾਸਟਰ, ਅਵਤਾਰ ਸਿੰਘ, ਨੂੰਹ ਕਰਮਜੀਤ ਕੌਰ ਇੰਸਾਂ (ਪ੍ਰੇਮੀ ਸੰਮਤੀ ਸੇਵਾਦਾਰ) ਧੀ ਸ਼ਿੰਦਰਪਾਲ ਕੌਰ ਇੰਸਾਂ, ਜਵਾਈ ਰਣਜੋਧ ਸਿੰਘ ਇੰਸਾਂ, ਪੋਤਰੇ ਜਸਵੀਰ ਇੰਸਾਂ, ਪੋਤਰੀਆਂ ਸਰਬਜੀਤ ਇੰਸਾਂ, ਕਮਲਜੀਤ ਇੰਸਾਂ, ਪੜਪੋਤਰੇ ਗੁਰਨੂਰ ਇੰਸਾਂ ਅਤੇ ਹੋਰ ਪਰਿਵਾਰਕ ਮੈਂਬਰਾਂ ਨੇ ਅੰਤਿਮ ਸਸਕਾਰ ਕਰਨ ਦੀ ਬਜਾਏ ਸਰੀਰ ਨੂੰ ਮੈਡੀਕਲ ਖੋਜਾਂ ਲਈ ਸ੍ਰੀ ਸਿੱਧੀ ਵਿਨਾਇਕ ਮੈਡੀਕਲ ਕਾਲਜ ਅਤੇ ਹਸਪਤਾਲ, ਚੰਦੌਸੀ ਰੋਡ, ਭਵਾਨੀਪੁਰ ਸੰਭਲ (ਉਤਰ ਪ੍ਰਦੇਸ਼) ਨੂੰ ਦਾਨ ਕੀਤਾ। ਸਰੀਰਦਾਨੀ ਮਾਤਾ ਹਰਬੰਸ ਕੌਰ ਇੰਸਾਂ ਅਮਰ ਰਹੇ, ਜਬ ਤੱਕ ਸੂਰਜ ਚਾਂਦ ਰਹੇਗਾ ਮਾਤਾ ਹਰਬੰਸ ਕੌਰ ਇੰਸਾਂ ਤੇਰਾ ਨਾਮ ਰਹੇਗਾ ਦੇ ਨਾਅਰਿਆਂ ਨਾਲ ਮ੍ਰਿਤਕ ਦੀ ਦੇਹ ਨੂੰ ਰਿਸ਼ਤੇਦਾਰਾਂ, ਸਨੇਹੀਆਂ ਅਤੇ ਬਲਾਕ ਦੀ ਸਾਧ-ਸੰਗਤ ਤੋਂ ਇਲਾਵਾ ਇਲਾਕਾ ਨਿਵਾਸੀਆਂ ਨੇ ਮ੍ਰਿਤਕ ਦੇ ਨਿਵਾਸ ਸਥਾਨ ਤੋਂ ਕਾਫਲੇ ਦੇ ਰੂਪ 'ਚ ਅੰਤਿਮ ਵਿਦਾਇਗੀ ਦਿੱਤੀ। ਇਸ ਮੌਕੇ ਏਰੀਆ ਪ੍ਰੇਮੀ ਸੇਵਕ ਭੈਣ ਜਰੀਨਾ ਇੰਸਾਂ ਨੇ ਦੱਸਿਆ ਕਿ ਮਾਤਾ ਹਰਬੰਸ ਕੌਰ ਇੰਸਾਂ ਨੇ ਮੌਤ ਉਪਰੰਤ ਸਰੀਰਦਾਨ ਕਰਨ ਦਾ ਪ੍ਰਣ ਲਿਆ ਹੋਇਆ ਸੀ ਜਿਸ ਨੂੰ ਉਨਾਂ ਦੇ ਪਰਿਵਾਰਕ ਮੈਂਬਰਾਂ ਨੇ ਪੂਰਾ ਕੀਤਾ ਹੈ। ਇਸ ਮੌਕੇ 85 ਮੈਂਬਰ ਵਿਕਾਸ ਇੰਸਾਂ ਨੇ ਦੱਸਿਆ ਕਿ ਮਾਤਾ ਹਰਬੰਸ ਕੌਰ ਇੰਸਾਂ ਨੇ ਸੰਨ 1975 'ਚ ਡੇਰਾ ਸੱਚਾ ਸੌਦਾ ਦੀ ਦੂਜੀ ਪਾਤਸ਼ਾਹੀ ਪੂਜਨੀਕ ਪਰਮ ਪਿਤਾ ਸ਼ਾਹ ਸਤਿਨਾਮ ਸਿੰਘ ਜੀ ਮਹਾਰਾਜ ਪਾਸੋਂ ਨਾਮ ਦੀ ਅਨਮੋਲ ਦਾਤ ਪ੍ਰਾਪਤ ਕੀਤੀ ਸੀ ਅਤੇ ਉਹ ਡੇਰਾ ਸੱਚਾ ਸੌਦਾ ਦਰਬਾਰ ਦੇ ਅਣਥੱਕ ਸੇਵਾਦਾਰ ਸਨ।




ਇਸ ਤੋਂ ਇਲਾਵਾ ਅਮਰ ਸੇਵਾ ਮੁਹਿੰਮ ਤਹਿਤ ਬਲਾਕ ਬਠਿੰਡਾ 'ਚ ਦੂਜਾ ਸਰੀਰਦਾਨ ਏਰੀਆ ਪਰਸ ਰਾਮ ਨਗਰ-ਬੀ ਵਿਚ ਕੀਤਾ ਗਿਆ ਪ੍ਰਾਪਤ ਵੇਰਵਿਆਂ ਅਨੁਸਾਰ ਸੇਵਾਦਾਰ ਮਾਤਾ ਕੁਸ਼ੱਲਿਆ ਦੇਵੀ ਇੰਸਾਂ, ਗਲੀ ਨੰ.2/4, ਪਰਸ ਰਾਮ ਨਗਰ, ਬਠਿੰਡਾ ਦੇ ਦੇਹਾਂਤ ਤੋਂ ਬਾਅਦ ਉਸਦੇ ਪਤੀ ਰਾਜ ਕੁਮਾਰ ਇੰਸਾਂ, ਪੁੱਤਰ ਸੰਜੀਵ ਇੰਸਾਂ, ਧੀ ਰੀਤੂ ਬਾਲਾ ਇੰਸਾਂ, ਜਵਾਈ ਚਰਨਤੀਤ ਇੰਸਾਂ ਅਤੇ ਹੋਰ ਪਰਿਵਾਰਕ ਮੈਂਬਰਾਂ ਨੇ ਅੰਤਿਮ ਸਸਕਾਰ ਕਰਨ ਦੀ ਬਜਾਏ ਸਰੀਰ ਨੂੰ ਮੈਡੀਕਲ ਖੋਜਾਂ ਲਈ ਮਾਇਓ ਇੰਸਟੀਚਿਊਟ ਆਫ ਮੈਡੀਕਲ ਸਾਇੰਸ, ਗਡੀਆ, ਬਾਰਾਬਾਂਕੀ, (ਉਤਰ ਪ੍ਰਦੇਸ਼) ਨੂੰ ਦਾਨ ਕੀਤਾ ਸਰੀਰਦਾਨੀ ਮਾਤਾ ਕੁਸ਼ੱਲਿਆ ਦੇਵੀ ਇੰਸਾਂ ਅਮਰ ਰਹੇ, ਜਬ ਤੱਕ ਸੂਰਜ ਚਾਂਦ ਰਹੇਗਾ ਕੁਸ਼ੱਲਿਆ ਦੇਵੀ ਇੰਸਾਂ ਤੇਰਾ ਨਾਮ ਰਹੇਗਾ ਦੇ ਨਾਅਰਿਆਂ ਨਾਲ ਮ੍ਰਿਤਕ ਦੀ ਦੇਹ ਨੂੰ ਰਿਸ਼ਤੇਦਾਰਾਂ, ਸਨੇਹੀਆਂ ਅਤੇ ਬਲਾਕ ਦੀ ਸਾਧ-ਸੰਗਤ ਤੋਂ ਇਲਾਵਾ ਇਲਾਕਾ ਨਿਵਾਸੀਆਂ ਨੇ ਮ੍ਰਿਤਕ ਦੇ ਨਿਵਾਸ ਸਥਾਨ ਤੋਂ ਅੰਤਿਮ ਵਿਦਾਇਗੀ ਦਿੱਤੀ। ਇਸ ਮੌਕੇ ਏਰੀਆ ਪ੍ਰੇਮੀ ਸੇਵਕ ਹਰੀ�ਿਸ਼ਨ ਇੰਸਾਂ ਨੇ ਦੱਸਿਆ ਕਿ ਮਾਤਾ ਕੁਸ਼ੱਲਿਆ ਦੇਵੀ ਇੰਸਾਂ ਨੇ ਮੌਤ ਉਪਰੰਤ ਸਰੀਰਦਾਨ ਕਰਨ ਦਾ ਪ੍ਰਣ ਲਿਆ ਹੋਇਆ ਸੀ ਜਿਸ ਨੂੰ ਉਨਾਂ ਦੇ ਪਰਿਵਾਰਕ ਮੈਂਬਰਾਂ ਨੇ ਪੂਰਾ ਕੀਤਾ ਹੈ। ਉਨਾਂ ਦੱਸਿਆ ਕਿ ਮਾਤਾ ਕੁਸ਼ੱਲਿਆ ਇੰਸਾਂ ਨੇ ਲਗਭਗ 30 ਸਾਲ ਪਹਿਲਾਂ ਪੂਜਨੀਕ ਗੁਰੂ ਸੰਤ ਡਾ. ਗੁਰਮੀਤ ਰਾਮ ਰਹੀਮ ਸਿੰਘ ਜੀ ਇੰਸਾਂ ਤੋਂ ਨਾਮ ਦੀ ਅਨਮੋਲ ਦਾਤ ਪ੍ਰਾਪਤ ਕੀਤੀ ਸੀ ਅਤੇ ਉਹ ਡੇਰਾ ਸੱਚਾ ਸੌਦਾ ਦੇ ਅਣਥੱਕ ਸੇਵਾਦਾਰ ਸਨ ।

ਇਸ ਮੌਕੇ 85 ਮੈਂਬਰ ਰਜਿੰਦਰ ਗੋਇਲ ਇੰਸਾਂ, ਮੇਘਰਾਜ ਇੰਸਾਂ, ਕਾਸ਼ੀ ਨਾਥ ਇੰਸਾਂ, ਕੁਲਦੀਪ ਇੰਸਾਂ, ਬਲਾਕ ਪ੍ਰੇਮੀ ਸੇਵਕ ਇੰਜ. ਗੁਰਤੇਜ ਸਿੰਘ ਇੰਸਾਂ, ਸੀਨੀਅਰ ਪ੍ਰੇਮੀ ਸੰਮਤੀ ਸੇਵਾਦਾਰ ਸੁਰੇਸ਼ ਭੋਲਾ ਇੰਸਾਂ, ਬਲਦੇਵ ਇੰਸਾਂ, ਪ੍ਰੇਮੀ ਸੰਮਤੀ ਸੇਵਾਦਾਰ ਅਸ਼ਵਨੀ ਇੰਸਾਂ, ਬਲਵਿੰਦਰ ਇੰਸਾਂ, ਰਾਜ ਕੁਮਾਰ ਇੰਸਾਂ, ਮੋਹਨ ਲਾਲ ਇੰਸਾਂ, ਹਰਦੀਪ ਇੰਸਾਂ, ਦਿਨੇਸ਼ ਇੰਸਾਂ, ਭੈਣ ਸਰੋਜ ਇੰਸਾਂ, ਦਿਵਿਆ ਇੰਸਾਂ, ਅਨੂ ਇੰਸਾਂ, ਬਾਗਬਾਨੀ ਸੰਮਤੀ ਦੇ ਜਿੰਮੇਵਾਰ �ਿਸ਼ਨ ਇੰਸਾਂ, ਬਲਾਕ ਬਠਿੰਡਾ ਦੇ ਵੱਖ-ਵੱਖ ਏਰੀਆ ਦੇ ਪ੍ਰੇਮੀ ਸੰਮਤੀਆਂ ਦੇ ਸੇਵਾਦਾਰ, ਸ਼ਾਹ ਸਤਿਨਾਮ ਜੀ ਗਰੀਨ ਐਸ ਵੈਲਫੇਅਰ ਕਮੇਟੀ ਦੇ ਸੇਵਾਦਾਰ, ਰਿਸ਼ਤੇਦਾਰ, ਸਨੇਹੀ ਅਤੇ ਇਲਾਕਾ ਨਿਵਾਸੀਆਂ ਤੋਂ ਇਲਾਵਾ ਵੱਡੀ ਗਿਣਤੀ ਸਾਧ ਸੰਗਤ ਹਾਜਰ ਸੀ।

## 'ਸਤ ਰੋਜ਼ਾ ਨੈਸ਼ਨਲ ਥੇਟਰ ਫੈਸਟੀਵਲ' ਥੇਟਰ ਵਿਰਾਸਤ ਦਾ ਪਹਿਰੇਦਾਰ ਬਣਿਆਂ




ਵਰਲਡ ਪੰਜਾਬੀ ਟਾਈਮਜ਼ ਉਜਾਗਰ ਸਿੰਘ

ਪਟਿਆਲਾ ਸਭਿਆਚਾਰਿਕ, ਵਿਦਿਅਕ, ਸਮਾਜਿਕ ਤੇ ਸਪੋਰਟਸ ਦੇ ਖੇਤਰ ਵਿੱਚ ਸਰਗਰਮੀਆਂ ਦਾ ਕੇਂਦਰ ਰਿਹਾ ਹੈ। ਨਾਟਕ ਦੇ ਖੇਤਰ ਵਿੱਚ ਹਰਪਾਲ ਟਿਵਾਣਾ, ਰਾਜ ਬੱਬਰ ਅਤੇ ਨਿਰਮਲ ਰਿਸ਼ੀ ਪਟਿਆਲਾ ਦੀ ਸ਼ਾਨ ਰਹੇ ਹਨ। ਨਾਟਕ ਲੇਖਕਾਂ ਵਿੱਚ ਡਾ.ਹਰਚਰਨ ਸਿੰਘ ਤੇ ਸੁਰਜੀਤ ਸਿੰਘ ਸੇਠੀ ਵਿਸ਼ੇਸ਼ ਤੌਰ 'ਤੇ ਵਰਣਨਯੋਗ ਹਨ। ਥੇਟਰ ਫਿਲਮ ਕਲਾਕਾਰਾਂ ਲਈ ਟ੍ਰੇਨਿੰਗ ਸੈਂਟਰ ਹੁੰਦਾ ਹੈ। ਹਰਪਾਲ ਟਿਵਾਣਾ, ਰਾਜ ਬੱਬਰ, ਨਿਰਮਲ ਰਿਸ਼ੀ ਅਤੇ ਸੁਨੀਤਾ ਧੀਰ ਥੇਟਰ ਨੇ ਪੰਜਾਬੀ ਫਿਲਮਾ ਵਿੱਚ ਨਾਮ ਕਮਾਇਆ ਹੈ। ਹਰਪਾਲ ਟਿਵਾਣਾ ਤੋਂ ਬਾਅਦ ਪਟਿਆਲਾ ਵਿੱਚ ਨਾਟਕ ਖੇਡਣ ਦੀ ਪ੍ਰਵਿਰਤੀ ਨੂੰ ਲਗਾਤਾਰ ਚਾਲੂ ਰੱਖਣ ਵਿੱਚ ਪਰਮਿੰਦਰ ਪਾਲ ਕੌਰ ਦਾ ਯੋਗਦਾਨ ਵਿਸ਼ੇਸ਼ ਤੌਰ 'ਤੇ ਵਰਣਨਯੋਗ ਹੈ। ਹੋਰ ਵੀ ਬਹੁਤ ਸਾਰੇ ਨਵੇਂ ਉਭਰ ਰਹੇ ਨਾਟਕਕਾਰ ਵਧੀਆ ਕਾਰਜ ਕਰ ਰਹੇ ਹਨ। ਪਰਮਿੰਦਰ ਪਾਲ ਕੌਰ ਨੇ ਫਿਲਮਾ ਵਿੱਚ ਵੀ ਅਦਾਕਾਰੀ ਕੀਤੀ ਹੈ ਪ੍ਰੰਤੂ ਪਿਛਲੇ 40 ਸਾਲ ਤੋਂ ਪਟਿਆਲਾ ਹੀ ਨਹੀਂ ਸਗੋਂ ਸਮੁੱਚੇ ਦੇਸ਼ ਵਿੱਚ ਲਗਾਤਾਰ ਨਾਟਕ ਦੀ ਪਰੰਪਰਾ ਨੂੰ ਬਰਕਰਾਰ ਰੱਖ ਰਹੇ ਹਨ। ਪਰਮਿੰਦਰ ਪਾਲ ਕੌਰ ਡਾਇਰੈਕਟਰ ਕਲਾਕ੍ਰਿਤੀ ਪਟਿਆਲਾ ਵਿਖੇ ਲੰਬੇ ਸਮੇਂ ਤੋਂ ਹਰ ਸਾਲ 'ਨੈਸ਼ਨਲ ਥੇਟਰ ਫੈਸਟੀਵਲ' ਕਰਵਾਉਂਦੇ ਆ ਰਹੇ ਹਨ। ਕਲਾਕ੍ਰਿਤੀ ਸੰਸਥਾ ਦੇ ਉਦਮ ਸਦਕਾ ਇਸ ਸਾਲ ਵੀ 7 ਨਵੰਬਰ ਤੋਂ 13 ਨਵੰਬਰ ਤੱਕ 'ਸਰਬਤ ਦਾ ਭਲਾ ਟਰੱਸਟ' ਅਤੇ 'ਨਾਰਥ ਜੋਨ ਕਲਚਰ ਸੈਂਟਰ ਪਟਿਆਲਾ' ਦੇ



ਸਹਿਯੋਗ ਨਾਲ ਪਟਿਆਲਾ ਵਿਖੇ ਸੱਤ ਰੋਜ਼ਾ 'ਪ੍ਰੀਤਮ ਸਿੰਘ ਓਬਰਾਏ ਯਾਦਗਾਰੀ ਨੈਸ਼ਨਲ ਥੀਏਟਰ ਫ਼ੈਸਟੀਵਲ' ਆਯੋਜਤ ਕੀਤਾ ਗਿਆ। ਇਸ ਥੇਟਰ ਫ਼ੈਸਟੀਵਲ ਵਿੱਚ ਦੇਸ਼ ਦੇ ਵੱਖ-ਵੱਖ ਰਾਜਾਂ ਤੋਂ 125 ਕਲਾਕਾਰਾਂ ਨੇ ਨਾਟਕਾਂ ਵਿੱਚ ਹਿੱਸਾ ਲਿਆ ਅਤੇ ਬਿਹਤਰੀਨ ਅਦਾਕਾਰੀ ਦੇ ਰੰਗ ਖਿਲਾਰੇ। ਇਸ ਫੈਸਟੀਵਲ ਵਿੱਚ ਸੱਤ ਨਾਟਕ ਰੱਬ ਦੀ ਬੁਕਲ, ਬੁੱਢਾ ਮਰ ਗਿਆ, ਇੱਕ ਰਾਗ ਦੋ ਸਵਰ, ਕੋਸ਼ਿਸ਼, ਪੁਕਾਰ, ਮਹਾਂਰਥੀ ਅਤੇ ਟੈਕਸ ਫ੍ਰੀ ਅਤੇ ਦੋ ਨ੍ਰਿਤ ਇੱਕ ਅਰਸ਼ਦੀਪ ਕੌਰ ਭੱਟੀ ਦਾ ਕਥਕ ਡਾਂਸ ਅਤੇ ਦੂਜਾ ਪੱਛਵੀਂ ਬੰਗਾਲ ਕਲਾਕਾਰਾਂ ਵੱਲੋਂ ਪੇਸ਼ ਕੀਤਾ ਗਿਆ। ਕਲਾਕਾਰਾਂ ਨੇ ਆਪੋ ਆਪਣੇ ਰਾਜ ਦੇ ਸਭਿਅਚਾਰ ਦੀਆਂ ਰੰਗ ਬਰੰਗੀਆਂ ਵੰਨਗੀਆਂ ਰਾਹੀਂ ਸਮਾਜਿਕ ਸਰੋਕਾਰਾਂ ਦੀ ਪ੍ਰਤੀਨਿਧਤਾ ਕਰਦਿਆਂ ਬਾ ਕਮਾਲ ਪੇਸ਼ਕਾਰੀ ਕੀਤੀ ਗਈ। ਇਨ੍ਹਾਂ ਨਾਟਕਾਂ ਦੇ ਕਲਾਕਾਰਾਂ ਦੀ ਅਦਾਕਾਰੀ ਦੀਆਂ ਕਲਾਤਮਿਕ ਛੋਹਾਂ ਦੀ ਮਹਿਕ ਨਾਲ ਪਟਿਆਲਵੀ ਅਸ਼ ਅਸ਼ ਕਰ ਉਠੇ। ਕਲਾਕਾਰਾਂ ਦੀ ਕਲਾ ਦੀ ਖ਼ੁਸ਼ਬੂ ਨੇ ਪਟਿਆਲਾ ਦਾ ਵਾਤਵਰਨ ਮਹਿਕਣ ਲਾ ਦਿੱਤਾ। ਇਸ ਫ਼ੈਸਟੀਵਲ ਦੇ ਉਦਘਾਟਨੀ ਸਮਾਗਮ ਦੀ ਸ਼ੁਰੂਆਤ ਨੈਸ਼ਨਲ ਅਵਾਰਡੀ ਅਰਸ਼ਦੀਪ ਕੌਰ ਭੱਟੀ ਡਾਂਸਨਰ ਨੇ ਕਥਕ ਡਾਂਸ ਦੀ ਬਾਕਮਾਲ ਪੇਸ਼ਕਾਰੀ ਕੀਤੀ, ਜਿਸਨੇ ਦਰਸ਼ਕਾਂ ਦੇ ਦਿਲ ਜਿੱਤ ਲਏ। ਸਮਾਪਤੀ ਸਮਾਰੋਹ ਵਿੱਚ ਸਫਿਨਿਕਸ ਡਾਂਸ ਕ੍ਰੀਏਸ਼ਨ ਗਰੁਪ ਕਲਕੱਤਾ ਨੇ ਅਰੁਨਵ ਬਰਮਨ ਦੀ ਨਿਰਦੇਸ਼ਨਾ ਹੇਠ 'ਤੇਜਾ ਤੁਰੀਆ' ਡਾਂਸ ਦੀ ਪੇਸ਼ਕਾਰੀ ਕੀਤੀ ਗਈ। ਇਸ ਡਾਂਸ ਦੀ ਪੇਸ਼ਕਾਰੀ ਮਹਾਂਭਾਰਤ ਦੀਆਂ ਇਸਤਰੀਆਂ ਗੰਧਾਰੀ, ਸਿਖੰਡੀ, ਦਰੋਪਦੀ, ਹਿਡਿੰਬਾ ਅਤੇ ਚਿਤਰਾਂਗਦਾ ਵਰਗੀਆਂ ਇਸਤਰੀ ਪਾਤਰਾਂ ਦੇ ਰੂਪ ਵਿੱਚ ਸਾਸਵਤਾ ਇਸ਼ਾਨੀ, ਸੁਭਾਰਸੀ, ਸ੍ਰੀਲੇਖਾ ਅਤੇ ਇੰਦਰਜੀਤ ਨੇ ਨਿਭਾਈ, ਜਿਸਨੇ ਦਰਸ਼ਕਾਂ ਨੂੰ ਮੰਤਰ ਮੁਗਧ ਕਰ ਦਿੱਤਾ। ਆਪਣੀ ਪ੍ਰਤਿਭਾ ਦੇ ਰੰਗ ਬਖੇਰਦਿਆਂ ਦਰਸ਼ਕਾਂ ਨੂੰ ਮੋਹ ਲਿਆ।

ਪ੍ਰਸਿੱਧ ਕਹਾਣੀਕਾਰ ਵੀਨਾ ਵਰਮਾ ਦੀ ਕਹਾਣੀ 'ਰੱਬ ਦੀ ਰਜਾਈ' 'ਤੇ ਅਧਾਰਤ ਵਿਨੋਦ ਕੌਸ਼ਲ ਦਾ ਨਿਰਦੇਸ਼ਤ ਕੀਤਾ ਨਾਟਕ ਆਰਟੀਫੈਕਟ ਗਰੁੱਪ ਨੇ ਖੇਡਿਆ। ਇਸ ਸੋਲੋ ਨਾਟਕ ਵਿੱਚ ਕਲਾਕ੍ਰਿਤੀ ਦੀ ਡਾਇਰੈਕਟਰ ਪ੍ਰਮਿੰਦਰ ਪਾਲ ਕੌਰ ਦੀ ਅਦਾਕਾਰੀ ਨੇ ਦਰਸ਼ਕਾਂ ਨੂੰ ਕੀਲ ਕੇ ਰੱਖ ਦਿੱਤਾ। ਨਾਟਕ ਵਿੱਚ ਇੱਕ ਔਰਤ ਨੂੰ ਉਸਦਾ ਪਤੀ ਛੱਡਕੇ ਪਰਵਾਸ ਵਿੱਚ ਚਲਾ ਜਾਂਦਾ ਹੈ। ਇਸ ਤ੍ਰਾਸਦੀ ਵਿੱਚ ਉਸ ਔਰਤ ਦਾ ਰੋਲ ਪਰਮਿੰਦਰ ਪਾਲ ਕੌਰ ਨੇ ਕੀਤਾ, ਪਰਮਿੰਦਰ ਪਾਲ ਕੌਰ ਦੀ ਭਾਵਕਤਾ ਵਾਲੀ ਅਦਾਕਾਰੀ ਨੇ ਪੰਜਾਬ ਦੀਆਂ ਉਨ੍ਹਾਂ ਔਰਤਾਂ ਦੀ ਦ੍ਰਿਸ਼ਟਾਂਤਿਕ ਰੂਪ ਵਿੱਚ ਤਸਵੀਰ ਖਿਚ ਕੇ ਰੱਖ ਦਿੱਤੀ, ਜਿਹੜੀਆਂ ਪਤੀਆਂ ਦੇ ਪਰਵਾਸ ਵਿੱਚ ਜਾਣ ਤੋਂ ਬਾਅਦ ਜ਼ਿੰਦਗੀ ਜਿਓਣ ਲਈ ਜਦੋਜਹਿਦ ਕਰਦੀਆਂ ਬੱਚਿਆਂ ਨੂੰ ਪਾਲਦੀਆਂ ਹਨ। ਇਹ ਸੰਤਾਪ ਪੰਜਾਬ ਵਿੱਚ ਭਾਰੂ ਪੈ ਰਿਹਾ ਹੈ। ਦਰਸ਼ਕ ਪਿੰਨ ਡਰਾਪ ਸਾਈਲੈਂਸ ਨਾਲ ਪਰਮਿੰਦਰ ਪਾਲ ਕੌਰ ਦੀ ਪੇਸ਼ਕਾਰੀ ਦਾ ਆਨੰਦ ਮਾਣਦੇ ਰਹੇ। 'ਮੰਚ ਆਪ ਸਭ ਕਾ' ਨਵੀਂ ਦਿੱਲੀ ਵੱਲੋਂ 'ਬੁੱਢਾ ਮਰ ਗਿਆ' ਕਾਮੇਡੀ ਪਲੇਅ ਖੇਡਿਆ ਗਿਆ, ਜਿਸ ਵਿੱਚ ਇੱਕ ਬਾਗ ਦੇ ਮਾਲਕ ਛਕੋਰੀ ਨੇ ਮਰਨ ਤੋਂ ਬਾਅਦ ਵੀ ਆਪਣੇ ਬਾਗ ਦਾ ਮੋਹ ਨਹੀਂ ਛੱਡਿਆ 30 ਸਾਲ ਭੂਤ ਬਣਕੇ ਬਾਗ ਦੇ ਦਰੱਖਤਾਂ 'ਤੇ ਘੁੰਮਦਾ ਰਿਹਾ। ਇੱਕ ਬੁੱਢਾ ਆਦਮੀ ਬਾਗ ਦੀ ਰਾਖੀ ਕਰਦਾ ਹੈ, ਉਸਦਾ ਪੋਤਾ ਤੇ ਆਪਣੀ ਪਤਨੀ ਨਾਲ ਉਸ ਕੋਲ ਰਹਿੰਦੇ ਹਨ, ਉਹ ਦੋਵੇਂ ਦਾਦਾ ਨੂੰ ਲੰਬੇ ਸਮੇਂ ਤੱਕ ਜਿੰਦਾ ਰੱਖਣ ਲਈ ਰਣਨੀਤੀ ਬਣਾਉਂਦੇ ਹਨ ਤਾਂ ਜੋ ਬਾਗ ਦਾ ਖੇਤ ਉਨ੍ਹਾਂ ਕੋਲ ਰਹੇ। ਇਸ ਨਾਟਕ ਦੇ ਨਿਰਦੇਸ਼ਕ ਦਿਨੇਸ਼ ਅਹਲਾਵਤ ਅਤੇ ਲੇਖਕ ਮਨੋਜ ਮਿੱਤਰਾ ਹਨ। ਅਦਾਕਾਰਾਂ ਦੀ ਕਲਾਕਾਰੀ ਨੇ ਦਰਸ਼ਕਾਂ ਨੂੰ ਮੋਹ ਲਿਆ। ਇਹ ਨਾਟਕ ਮਾਨਵਤਾ ਦੀ ਲਾਲਚੀ ਪ੍ਰਵਿਰਤੀ ਦਾ ਪ੍ਰਗਟਾਵਾ ਕਰਦਾ ਹੈ। 'ਏਕ ਰਾਗ ਦੋ ਸਵਰ' ਦੇਸ ਰਾਜ ਮੀਨਾਂ ਦੀ ਨਿਰਦੇਸ਼ਨਾ ਵਿੱਚ ਖੇਡਿਆ ਗਿਆ। ਇਸ ਨਾਟਕ ਵਿੱਚ ਇੱਕ ਪਤੀ ਪਤਨੀ ਘਰੇਲੂ ਜ਼ਿੰਦਗੀ ਵਿੱਚ ਕਲੇਸ਼ ਰੱਖਦੇ ਸਨ। ਉਨ੍ਹਾਂ ਨੂੰ ਸਿੱਧੇ ਰਸਤੇ 'ਤੇ ਪਾਉਣ ਲਈ ਇੱਕ ਦੋਸਤ ਦੀ ਤਰਕੀਬ ਦੋਹਾਂ ਨੂੰ ਇੱਕ ਦੂਜੇ ਦੇ ਨੇੜੇ ਲੈ ਆਈ, ਜਿਸ ਕਰਕੇ ਉਸ ਪਰਿਵਾਰ ਦਾ ਭਵਿਖ ਸ਼ਾਂਤਮਈ 'ਤੇ ਸੁਨਹਿਰਾ ਹੋ ਗਿਆ। ਪਤੀ ਤੇ ਪਤਨੀ ਇਕ ਕਾਰ ਦੇ ਦੋ ਪਹੀਏ ਹੁੰਦੇ ਹਨ, ਜੇਕਰ ਇੱਕ ਖ਼ਰਾਬ ਹੋ ਜਾਵੇ ਤਾਂ ਪਰਿਵਰਿਕ ਕਾਰ ਚਲਦੀ ਨਹੀਂ ਰਹਿ ਸਕਦੀ। ਇਹ ਨਾਟਕ ਪਤੀ ਪਤਨੀ ਨੂੰ ਪਿਆਰ ਨਾਲ ਰਹਿਣ ਦੀ ਪ੍ਰੇਰਨਾ ਦੇ ਗਿਆ। ਇਸ ਪਰਿਵਾਰਿਕ ਨਾਟਕ ਦਾ ਦਰਸ਼ਕਾਂ ਨੇ ਖ਼ੂਬ ਆਨੰਦ ਮਾਣਿਆਂ। 'ਕੋਸ਼ਿਸ਼' ਨਾਟਕ ਸੰਦੀਪ ਮੋਰੇ ਦੀ ਨਿਰਦੇਸ਼ਨਾ ਹੇਠ ਖੇਡਿਆ ਗਿਆ। ਇਸ ਨਾਟਕ ਰਾਹੀਂ ਜ਼ਿੰਦਗੀ ਵਿੱਚ ਰੋਜ਼ਾਨਾਂ ਦੀ ਨੱਠ ਭੱਜ ਨੂੰ ਬਹੁਤ ਹੀ ਸੁਚੱਜੇ ਢੰਗ ਨਾਲ ਪੇਸ਼ ਕੀਤਾ ਗਿਆ। ਨਾਟਕ ਵਿੱਚ ਅਦਾਕਾਰਾਂ ਦੀ ਕਲਾਕਾਰੀ ਨੇ ਇਹ ਸਾਬਤ ਕਰ ਦਿੱਤਾ ਕਿ ਜ਼ਿੰਦਗੀ ਦੀ ਸਫ਼ਲਤਾ ਲਈ ਕੋਸ਼ਿਸ਼ ਹੀ ਇੱਕੋ ਇੱਕ ਰਾਹ ਹੈ। ਸੰਦੀਪ ਮੋਰੇ, ਨਦੀਤਾ ਬਸਨੀਕ ਅਤੇ ਨਿਸ਼ਾ ਖ਼ੁਰਾਨਾ ਦੀ ਅਦਾਕਾਰੀ ਨੇ ਦਰਸ਼ਕਾਂ ਨੂੰ ਆਪਣੇ ਨਾਲ ਜੋੜ ਕੇ ਰੱਖਿਆ। ਬਲਾਤਕਾਰ ਪੀੜਤਾਂ ਦੀ ਜ਼ਿੰਦਗੀ ਬਾਰੇ ਡਾ. ਵਿਕਾਸ ਕਪੂਰ ਦੀ ਨਿਰਦੇਸ਼ਨਾ ਹੇਠ ਦਿਲ ਨੂੰ ਛੂਹਣ ਵਾਲਾ 'ਪੁਕਾਰ' ਨਾਟਕ ਖੇਡਿਆ ਗਿਆ। ਇਹ ਨਾਟਕ ਬਹੁਤ ਹੀ ਸੰਵੇਦਨਸ਼ੀਲ ਹੋਣ ਕਰਕੇ ਦਰਸ਼ਕਾਂ ਨੂੰ ਭਾਵਕ ਕਰ ਗਿਆ। ਨਾਟਕ ਦੀ ਪੇਸ਼ਕਾਰੀ ਇਤਨੀ ਬਾਕਮਾਲ ਸੀ ਕਿ ਦਰਸ਼ਕ ਪੂਰਾ ਸਮਾਂ ਇੱਕਚਿਤ ਹੋ ਕੇ ਨਾਟਕ ਵੇਖਦੇ ਰਹੇ ਤੇ ਕੋਈ ਦਰਸ਼ਕ ਆਪਣੀ ਸੀਟ ਤੋਂ ਹਿਲਿਆ ਨਹੀਂ। ਨਾਟਕ ਨੇ ਦਰਸ਼ਕਾਂ 'ਤੇ ਇਹ ਪ੍ਰਭਾਵ ਦਿੱਤਾ ਕਿ ਸਮਾਜ ਬਲਾਤਕਾਰ ਪੀੜਤਾਂ ਨੂੰ ਕਟਹਿਰੇ ਵਿੱਚ ਕਿਉਂ ਖੜ੍ਹਾ ਕਰਦਾ ਹੈ ਤੇ ਮਰਦ ਹੈਵਾਨੀਅਤ ਵਾਲਾ ਵਿਵਹਾਰ ਕਿਉਂ ਕਰਦੇ ਹਨ? ਡਾ.ਨੀਤੂ ਪਰਿਹਾਰ, ਅਸ਼ਿਮ ਸ੍ਰੀਮਾਲੀ, ਨੇਹਾ ਮਹਿਤਾ, ਅੰਤਿਮਾ ਵਿਆਸ, ਖ਼ੁਸ਼ੀ ਵਿਆਸ, ਇਸ਼ਿਤਾ ਧਾਰੀਵਾਲ, ਪਵਨ ਪਰਿਹਾਰ, ਭਰਤ ਮੇਵਾੜਾ, ਗੌਰਵ ਅਤੇ ਇੰਦਰਜੀਤ ਸਿੰਘ ਗੌੜ ਦੀ ਅਦਾਕਾਰੀ ਨੇ ਦਰਸ਼ਕਾਂ ਨੂੰ ਕੀਲ ਕੇ ਰੱਖਿਆ। ਨੈਸ਼ਨਲ ਥੇਟਰ ਫੈਸਟੀਵਲ ਦੇ ਛੇਵੇਂ ਦਿਨ ਅਭਿਸ਼ੇਕ ਮੋਦਗਿਲ ਦੁਆਰਾ ਨਿਰਦੇਸ਼ਤ ਕੀਤਾ ਨਾਟਕ 'ਮਹਾਂਰਥੀ' ਖੇਡਿਆ ਗਿਆ। ਇਹ ਨਾਟਕ ਮਹਾਂ ਭਾਰਤ ਦੀ ਵਿਥਿਆ 'ਤੇ ਅਧਾਰਤ ਹੈ। ਇਸ ਨਾਟਕ ਨੇ ਵੀ ਦਰਸ਼ਕਾਂ ਦ ਮਨ ਮੋਹ ਲਏ। ਦਿਵਿਆਂਸ਼ ਸ਼ਿਵਨਾਨੀ, ਦੇਵੇਂਦਰ ਸਵਾਮੀ, ਸਧਾਂਸ਼ੂ ਸ਼ੁਕਲਾ, ਵਿਵੇਕ ਜਾਖੜ, ਰਿਤਿਕਾ, ਯਸ਼ਵਿਨੀ, ਰੋਸ਼ਿਕ, ਨਿਸ਼ਾਂਤ, ਮੋਹਿਤ ਤੇ ਸ਼ਵੇਤਾ ਚੌਲਾਗਾਈ ਨੇ ਸ਼ਾਨਦਾਰ ਅਦਾਕਾਰੀ ਕਰਕੇ ਦਰਸ਼ਕਾਂ ਵੀ ਵਾਹਵਾ ਖੱਟੀ। ਡਰਾਮਾਟਰਜੀ ਆਰਟਸ ਐਂਡ ਕਲਚਰ ਸੋਸਾਇਟੀ ਦਿੱਲੀ ਦੇ ਕਲਾਕਾਰਾਂ ਵੱਲੋਂ 'ਟੈਕਸ ਫ੍ਰੀ' ਨਾਟਕ ਪੇਸ਼ ਕੀਤਾ ਗਿਆ, ਜਿਸਦੀ ਨਿਰਦੇਸ਼ਨਾ ਸੁਨੀਲ ਚੌਹਾਨ ਨੇ ਕੀਤੀ। ਇਹ ਨਾਟਕ ਚਾਰ ਅੰਨ੍ਹੇ ਨੌਜਵਾਨਾਂ ਦੀ ਜ਼ਿੰਦਗੀ ਦੀ ਜਦੋਜਹਿਦ 'ਤੇ ਅਧਾਰਤ ਸੀ, ਜਿਸ ਰਾਹੀਂ ਦਰਸਾਇਆ ਗਿਆ ਕਿ ਜ਼ਿੰਦਗੀ ਨੂੰ ਖੁਲ੍ਹ ਕੇ ਜੀਣਾ ਹੀ ਅਸਲ ਜ਼ਿੰਦਗੀ ਹੈ। ਇਸ ਨਾਟਕ ਤੋਂ ਪ੍ਰੇਰਨਾ ਮਿਲਦੀ ਹੈ ਕਿ ਜਦੋਂ ਅੰਨ੍ਹੇ ਵਿਅਕਤੀ ਬਾਖ਼ੂਬੀ ਜ਼ਿੰਦਗੀ ਜੀਅ ਸਕਦੇ ਹਨ ਤਾਂ ਹਰ ਇਨਸਾਨ ਨੂੰ ਆਪਣੀ ਜ਼ਿੰਦਗੀ ਦੇ ਸੁਨਹਿਰੀ ਪਲਾਂ ਨੂੰ ਹਰ ਔਖਿਆਈ ਦਾ ਮੁਕਾਬਲਾ ਕਰਦਿਆਂ ਜਿਉਣਾ ਚਾਹੀਦਾ। ਅਕਰਮ ਖ਼ਾਨ, ਕੁਸ਼ਲ ਦੇਵਗਨ, ਸੁਜਲ ਕੁਮਾਰ, ਪ੍ਰਦੀਪ ਕੁਮਾਰ ਅਤੇ ਰਾਘਵ ਸ਼ੁਕਲਾ ਨੇ ਅੰਨ੍ਹੇ ਕਲਾਕਾਰਾਂ ਦੀ ਭੂਮਿਕਾ ਖ਼ੂਬਸੂਰਤੀ ਨਾਲ ਨਿਭਾਈ। ਐਸ.ਪੀ.ਸਿੰਘ ਓਬਰਾਏ ਮੈਨੇਜਿੰਗ ਡਾਇਰੈਕਟਰ ਸਰਬੱਤ ਦਾ ਭਲਾ ਟਰੱਸਟ, ਗੁਰਜੀਤ ਸਿੰਘ ਓਬਰਾਏ, ਜੱਸਾ ਸਿੰਘ ਸੰਧੂ, ਡਾ.ਰਾਜ ਬਹਾਦਰ, ਜਸਟਿਸ ਐਮ.ਐਮ.ਐਸ.ਬੇਦੀ, ਡਾ.ਧਰਮਵੀਰ ਗਾਂਧੀ, ਮਨਜੀਤ ਸਿੰਘ ਨਾਰੰਗ, ਅਵਤਾਰ ਸਿੰਘ ਅਰੋੜਾ, ਪਰਮਿੰਦਰਪਾਲ ਕੌਰ, ਸੁਨੀਤਾ ਧੀਰ, ਡਾ.ਮਨਮੋਹਨ ਸਿੰਘ ਕਾਰਡੀਆਲੋਜਿਸਟ, ਡਾ.ਸਰਬਜਿੰਦਰ ਸਿੰਘ, ਰਾਵਿੰਦਰ ਸ਼ਰਮਾ, ਭੁਪਿੰਦਰ ਸਿੰਘ ਸੋਫ਼ਤ, ਦੀਪਕ ਕੰਪਾਨੀ ਤੇ ਅਕਸ਼ਯ ਗੋਪਾਲ, ਮਨਦੀਪ ਸਿੰਘ ਸਿੱਧੂ ਡੀ.ਆਈ.ਜੀ , ਪਦਮ ਸ਼੍ਰੀ ਪਰਾਣ ਸਭਰਵਾਲ ਅਤੇ ਡਾ.ਸਵਰਾਜ ਸਿੰਘ ਨੇ ਕਲਾਕਾਰਾਂ ਦੀ ਅਦਾਕਾਰੀ ਦਾ ਆਨੰਦ ਮਾਣਿਆਂ। ਮੰਜੂ ਮਿੱਢਾ ਅਰੋੜਾ ਨੇ ਸਾਰੇ ਸਮਾਗਮਾਂ ਦੀ ਬਾਕਮਾਲ ਐਂਕਰਿੰਗ ਕੀਤੀ। ਇਸ ਨੈਸ਼ਨਲ ਥੇਟਰ ਫ਼ੈਸਵੀਵਲ ਦੀ ਸਫ਼ਲਤਾ ਦਾ ਸਿਹਰਾ ਪ੍ਰਮਿੰਦਰ ਪਾਲ ਕੌਰ ਅਤੇ ਉਸਦੀ ਕਲਾਕ੍ਰਿਤੀ ਦੀ ਟੀਮ ਅਤੇ ਜੱਸਾ ਸਿੰਘ ਸੰਧੂ ਤੇ ਉਸਦੀ ਸਰਬੱਤ ਦਾ ਭਲਾ ਦੀ ਟੀਮ ਨੂੰ ਜਾਂਦਾ ਹੈ।

ਖਚਾ ਖਚ ਭਰੇ ਨਾਰਥ ਜੋਨ ਕਲਚਰ ਸੈਂਟਰ ਦੇ ਕਾਲੀਦਾਸ ਆਡੋਟੋਰੀਅਮ ਵਿੱਚ ਪਟਿਆਲਵੀਆਂ ਨੇ ਇੱਕ ਹਫ਼ਤਾ ਨਾਟਕਾਂ ਦਾ ਖ਼ੂਬ ਆਨੰਦ ਮਾਣਿਆਂ ਅਤੇ ਦਰਸ਼ਕਾਂ ਦੀ ਸ਼ਾਬਾਸ਼ ਨੇ ਅਦਾਕਾਰਾਂ ਦਾ ਉਤਸ਼ਾਹ ਵਧਾਇਆ। ਇਹ ਨੈਸ਼ਨਲ ਥੇਟਰ ਫ਼ੈਸਟੀਵਲ ਪਟਿਆਲਵੀਆਂ ਦੀਆਂ ਯਾਦਾਂ ਦਾ ਸਰਮਾਇਆ ਬਣ ਗਿਆ। 2025 ਦੇ ਨੈਸ਼ਨਲ ਥੇਟਰ ਫੈਸਟੀਵਲ ਦੀ ਉਮੀਦ ਨਾਲ ਇਹ ਫੈਸਟੀਵਲ ਸਮਾਪਤ ਹੋਇਆ।

## ਇਸ ਵਾਰ ਸਰਕਾਰ ਆਪਣੀ ਬਨਾਉਣੀ ਏ,

ਵਰਲਡ ਪੰਜਾਬੀ ਟਾਈਮਜ਼ ਰਸ਼ਪਿੰਦਰ ਕੌਰ ਗਿੱਲ

ਇਸ ਵਾਰ ਸਰਕਾਰ ਆਪਣੀ ਬਨਾਉਣੀ ਏ,

ਸੱਤਾ ਵਿੱਚ ਆਪਣੇ ਕਿਸਾਨ ਹੋਣਗੇ,

ਆਪਣੇ ਮਜ਼ਦੂਰ ਹੋਣਗੇ,

ਆਪਣੇ ਜਵਾਨ ਹੋਣਗੇ,

ਬੇਰੋਜ਼ਗਾਰ ਅਧਿਆਪਕ ਹੋਣਗੇ

ਡਿਗਰੀਆਂ ਵਾਲੇ ਵਿਦਿਆਰਥੀ ਹੋਣਗੇ

ਪਰ ਇਹ ਹੋਵੇਗਾ ਉਦੋਂ

ਜਦੋਂ ਅਸੀਂ ਆਪਣੀਆਂ

ਜ਼ਮੀਰਾਂ ਨੂੰ ਜਗਾਵਾਂਗੇ

ਅਸੀਂ ਭੇਡਾਂ ਨਾ ਬਣ ਕੇ

ਸ਼ੇਰਾਂ ਵਾਂਗ ਦਹਾੜਾਂਗੇ

ਇਨ੍ਹਾਂ ਪਖੰਡੀ ਲੀਡਰਾਂ ਨੂੰ ਵੋਟਾਂ ਨਾ ਪਾ ਕੇ

ਖੁਦ ਸੱਤਾ ਤੇ ਕਾਬਜ ਹੋਵਾਂਗੇ

ਧਰਨੇ ਲਾ ਕੇ ਜਾਂ ਭੁੱਖ ਹੜਤਾਲ ਰੱਖ ਕੇ

ਹੁਣ ਗੱਲ ਨਹੀਂ ਬਨਣੀ

ਸੱਤਾਧਾਰੀਆਂ ਦੇ ਮੂੰਹ ਤੇ ਚਪੇੜ

ਆਪਣਾ ਰਾਜ ਬਣਾ ਕੇ ਮਾਰਾਂਗੇ

ਇਸ ਵਾਰ ਸਰਕਾਰ ਆਪਣੀ ਬਨਾਉਣੀ ਏ

## ਅਮਾਨ ਹੈ।।ਨਿਧਾਨ ਹੈਂ।। ਅਨੇਕ ਹੈਂ।। ਫਿਰਿ ਏਕ ਹੈਂ।।

ਵਰਲਡ ਪੰਜਾਬੀ ਟਾਈਮਜ਼ ਸੁਰਜੀਤ ਸਾਰੰਗ




ਕਲਗੀਧਰ ਪਿਤਾ ਬਖਸ਼ਿਸ਼ ਕਰ ਰਹੇ ਹਨ। ਹੇ ਪਰੀਪੂਰਨ ਪਰਮਾਤਮਾ ਜੀ। ਆਪ ਅਨੇਕਤਾ ਦੇ ਰੂਪ ਵਿਚ ਵੀ ਵਿਆਪਕ ਹੋ ਤੇ ਅਨੇਕ ਹੋਣ ਦੇ ਬਾਵਜੂਦ ਵੀ ਫਿਰ ਆਪ ਏਕ ਹੈ। ਅਨੇਕਤਾ ਭਿੰਨਤਾ ਹੈ ਪਰ ਭਿੰਨਤਾ ਤੋਂ ਬਾਅਦ ਵੀ ਜੇ ਹੈ ਤਾਂ ਕੇਵਲ ਇਕ।

ਸਿੱਖੀ ਦੇ ਅੰਦਰ ਇਕ ਦੀ ਮਹਾਨਤਾ ਬਹੁਤ ਹੈ। ਪਹਿਲਾਂ ਬੋਲ ਜੋਂ ਸਾਨੂੰ ਦਿੱਤਾ ਉਹ ੧ਓ।

ਉਹ ਅਨੇਕ ਵੀ ਹੈ ਅਤੇ ਅਨੇਕਤਾ ਤੋਂ ਬਾਅਦ ਫਿਰ ਵੀ ਇਕ ਹੈ ਪਰਮਾਤਮਾ। ਉਹ ਗਿਣਤੀ ਮਿਣਤੀ ਵਿਚ ਨਹੀਂ ਉਸ ਵਰਗਾ ਹੋਰ ਕੋਈ ਨਹੀਂ ਹੈ

ਜਿਵੇਂ ਧਰਤੀ ਉੱਤੇ ਅਸੀਂ ਰਹਿੰਦੇ ਹਾਂ ਕਿ ਧਰਤੀਆਂ ਬੇਅੰਤ ਹਨ। ਜੀਵ ਰਹਿਣ ਵਾਲੇ ਵੀ ਬੇਅੰਤ ਹਨ।

ਇਸ ਧਰਤੀ ਉੱਤੇ ਰਹਿਦਿਆਂ ਸੂਰਜ ਇਕ ਹੈ। ਪਰ ਇਸ ਇਕ ਦੀ ਗਿਣਤੀ ਨੂੰ ੧ਓ ਨਾਲ ਨਹੀਂ ਦੇਖਿਆ ਜਾਵੇਗਾ। ਇਸ ਜ਼ਮੀਨ ਦਾ ਸੂਰਜ ਇਕ ਹੈ ।ਪਰ ਇਸ ਸੂਰਜ ਵਰਗੇ ਪਤਾ ਨਹੀਂ ਪਰਮਾਤਮਾ ਨੇ ਕਿੰਨੇ ਅਨਗਿਣਤ ਸੂਰਜ ਪੈਦਾ ਕੀਤੇ ਹਨ। ਚੰਦਰਮਾ ਇਸ ਧਰਤੀ ਉੱਤੇ ਇਕ ਨਜ਼ਰ ਆ ਰਿਹਾ ਹੈ। ਪਰ ਇਹ ਵੀ ਇਕ ਨਹੀਂ। ਇਸ ਚੰਦਰਮਾ ਤੋਂ ਇਲਾਵਾ ਪਰਮਾਤਮਾ ਨੇ ਪਤਾ ਨਹੀਂ ਕਿੰਨੇ ਚੰਦਰਮਾ ਪੈਦਾ ਕਰ ਦਿੱਤੇ ਹਨ। ਇਕ ਪਹਾੜ ਸਾਨੂੰ ਦਿਖ ਰਿਹਾ ਹੈ। ਪਹਾੜ ਦਾ ਸਿਖਰ ਦਿੱਸ। ਰਿਹਾ ਹੈ। ਇਸ ਜ਼ਮੀਨ ਉੱਤੇ ਇਕ ਸਿਖਰ ਹੈ। ਪਰ ਪਤਾ ਨਹੀਂ ਇਸ ਤੋਂ ਵੱਡੇ ਪਰਮਾਤਮਾ ਨੇ ਕਿੰਨੇ ਕੁਝ ਪਹਾੜ ਪੈਦਾ ਕੀਤੇ ਹੋਏ ਹਨ। ਇਕ ਸੂਰਜ ਵਰਗੇ ਅਨਗਿਣਤ ਸੂਰਜ ਹਨ। ਇਕ ਚੰਦਰਮਾ ਵਰਗੇ ਅਨੇਕਾਂ ਚੰਦਰਮਾ ਹਨ। ਇਕ ਸਮੁੰਦਰ ਵਰਗੇ ਪਤਾ ਨਹੀਂ ਕਿੰਨੇ ਕੁਝ ਸਮੁੰਦਰ ਤੇ ਪਹਾੜ ਹਨ। ਪਰ ਇਕ ਗੱਲ ਸਪੱਸ਼ਟ ਹੈ ਕਿ ਇਕ ਪਰਮਾਤਮਾ ਵਰਗਾ ਹੋਰ ਕੋਈ ਪਰਮਾਤਮਾ ਨਹੀਂ। ਕੇਵਲ ਉਹ ਹੀ ਇਕ ਹੈ।

ਚਲਦਾ)

## ਮੜ੍ਹੀ ਤੇ ਦੀਵਾ

ਬਾਕੀ ਰੀਤਾਂ ਤੇ ਚਲਦੀਆਂ ਰਹਿਣੀਆਂ,
ਇੱਕ ਬੋਲ ਤੂੰ ਮੇਰਾ ਪੁਗਾ ਆਇਆ ਕਰੀਂ,
ਮੇਰੇ ਛੱਡਣ ਬਾਅਦ ਇਸ ਦੁਨੀਆਂ ਨੂੰ,
ਮੇਰੀ ਮੜ੍ਹੀ ਤੇ ਦੀਵਾ ਲਾ ਆਇਆ ਕਰੀਂ|

ਸੁੱਕੇ ਪੱਤਿਆਂ ਟਾਹਣੀਉ ਲਹਿਣਾਂ ਹੀ,
ਚੇਤੇ ਇੱਕ ਦਿਨ ਤਾਂ ਵਿਛੋੜਾ ਪੈਣਾ ਹੀ,
ਯਾਦ ਆਏ ਤਾਂ ਫੇਰਾ ਪਾ ਆਇਆ ਕਰੀਂ,
ਨਾਲੇ ਆਪਣਾ ਮਨ ਸਮਝਾ ਆਇਆ ਕਰੀਂ,
ਪਰ ਮੇਰੇ ਛੱਡਣ ਬਾਅਦ ਇਸ ਦੁਨੀਆਂ ਨੂੰ,
ਮੇਰੀ ਮੜ੍ਹੀ ਤੇ ਦੀਵਾ ਲਾ ਆਇਆ ਕਰੀਂ|



ਇਹੀ ਸਾਈਕਲ ਮੇਰੀ ਸਕੂਟਰ-ਕਾਰ,
ਪਹੁੰਚਾ ਦੇਵੇ ਮੈਂਨੂ ਸਕੂਲੇ ਬਸ ਨਾਲੋ ਨਾਲ,
ਤੂੰ ਇਸਨੂੰ ਕਦੇ ਸਮਰਾ ਲਿਆਇਆ ਕਰੀਂ,
ਤੇ ਮੇਰੇ ਛੱਡਣ ਬਾਅਦ ਇਸ ਦੁਨੀਆਂ ਨੂੰ,
ਮੇਰੀ ਮੜ੍ਹੀ ਤੇ ਦੀਵਾ ਲਾ ਆਇਆ ਕਰੀਂ|

ਵਰਲਡ ਪੰਜਾਬੀ ਟਾਈਮਜ਼ ਚੇਤਨ ਬਿਰਧਨੋ

## ਆ

ਪਿਆਰ ਦੀ ਬੇੜੀ ਡੁੱਬੀ ਪਹੁੰਚ ਕਿਨਾਰੇ ਆ
ਲੱਗੇ ਦੇਣ ਦਿਲਾਸੇ ਅੰਬਰ ਤੋਂ ਟੁੱਟੇ ਤਾਰੇ ਆ

ਨਕਾਬ ਸੁਹੱਪਣ ਰਮਜ਼ਾਂ ਦਾ ਜ਼ਖ਼ੀਰਾ ਡੂੰਘਾ
ਸ਼ੀਸ਼ੇ ਵਿੱਚ ਹੱਸਦੇ ਨੱਚਦੇ ਗੂੜ ਇਸ਼ਾਰੇ ਆ

ਜੇਠ ਵਿਚਾਰਾ ਸਾੜਿਆ ਠੰਡੀਆਂ ਤ੍ਰੇਲਾਂ ਨੇ
ਪੋਹ ਦੀ ਬੁੱਕਲ ਸਾਂਭਦੀ ਤਲਖ਼ ਸ਼ਰਾਰੇ ਆ

ਆਪਣੀ ਸੋਗ ਨੂੰ ਫੜਦੇ ਹੱਥ ਲੋਕੀ ਸੁਥਰੇ
ਬੇਸਹਾਰਾ ਲੱਜ਼ਤ ਏ ਰਹਿਨੁਮਾ ਸਹਾਰੇ ਆ

ਲੰਬੀ ਜੱਦੋਜ਼ਹਿਦ ਦਾ ਹਸ਼ਰ ਨਿਆਰਾ ਏ
ਗਮ ਲਵੇ ਦਮ ਚੈਨ ਦਾ ਮੇਰੇ ਦੁਆਰੇ ਆ

ਨਾ ਪੜ੍ਹਦੇ ਨਾ ਸੁਣਦੇ ਲੋਕੀ ਸ਼ਾਇਰਾਂ ਨੂੰ
ਲਫਜ਼ਾਂ ਵਾਲੇ ਚੰਦਨਾਂ ਗੀਤ ਖਿਲਾਰੇ ਆ




ਵਰਲਡ ਪੰਜਾਬੀ ਟਾਈਮਜ਼ ਚੰਦਨ ਹਾਜੀਪੁਰੀਆ